15ਵੀਂ ਵਿਧਾਨ ਸਭਾ
ਸੱਤਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ: 2

ਬੁੱਧਵਾਰ, 13 ਫਰਵਰੀ, 2019
(10.00 ਵਜੇ ਸਵੇਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ)

1. ਪ੍ਰਸ਼ਨ

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 10 | 01 | 01 | 08 | 28 |

2. ਮਾਨਯੋਗ ਸਪੀਕਰ ਦੁਆਰਾ ਐਲਾਨ

(i) ਸਭਾਪਤੀ ਨਾਮਾਂਵਲੀ ਸਬੰਧੀ

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13(1) ਦੇ ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਪ੍ਰਗਟ ਸਿੰਘ ਪੋਆਰ
2. ਸਰਦਾਰ ਪਰਮਿੰਦਰ ਸਿੰਘ ਪਿੰਕੀ
3. ਸ਼੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

(ii) ਰਾਜਪਾਲ ਦੇ ਭਾਸ਼ਣ ਸਬੰਧੀ

ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 18 ਦੀ ਪੈਰਵੀ ਵਿਚ ਮਾਨਯੋਗ ਸਪੀਕਰ ਵਲੋਂ ਦੱਸਿਆ ਗਿਆ ਕਿ ਰਾਜਪਾਲ ਜੀ ਨੇ ਸੰਵਿਧਾਨ ਦੇ ਅਨੁਛੇਦ 176 (1) ਅਧੀਨ 12 ਫਰਵਰੀ, 2019 ਨੂੰ 11.00 ਵਜੇ ਸਵੇਰ ਪੰਜਾਬ ਵਿਧਾਨ ਸਭਾ ਨੂੰ ਭਾਸ਼ਣ ਦੇਣ ਦੀ ਕ੍ਰਿਪਾਲਤਾ ਕੀਤੀ ਹੈ। ਮਾਨਯੋਗ ਸਪੀਕਰ ਵਲੋਂ ਭਾਸ਼ਣ ਦੀ ਇਕ ਕਾਪੀ ਸਦਨ ਦੀ ਮੇਜ਼ ਤੇ ਰੱਖੀ ਗਈ।

3. ਸਕੱਤਰ ਦੁਆਰਾ ਐਲਾਨ:

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਛੇਵੇਂ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. ਵਾਕ ਆਊਟ

1. ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਪਟਿਆਲਾ ਵਿਖੇ ਪੁਲਿਸ ਵਲੋਂ ਅਧਿਆਪਕਾਂ ਤੇ ਕੀਤੀਆਂ ਗਈਆਂ ਜ਼ਿਆਦਤੀਆਂ ਬਾਰੇ ਕੰਮ ਰੋਕੂ ਪ੍ਰਸਤਾਵ ਨੂੰ ਨਾ ਮਨਜ਼ੂਰ ਕਰਨ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿੱਚੋਂ ਵਾਕ-ਆਊਟ ਕਰ ਗਏ।

2. ਆਮ ਆਦਮੀ ਪਾਰਟੀ ਦੇ ਮੈਂਬਰਜ਼, ਸਰਦਾਰ ਪਿਰਮਲ ਸਿੰਘ ਧੌਲਾ, ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਰਦਾਰ ਜਗਦੇਵ ਸਿੰਘ, ਸਰਦਾਰ ਨਾਜਰ ਸਿੰਘ ਮਾਨਸ਼ਾਹੀਆ ਅਤੇ ਸ਼੍ਰੀ ਕੰਵਰ ਸੰਧੂ ਨੂੰ ਛੱਡ ਕੇ ਸਦਨ ਵਿੱਚ ਹਾਜ਼ਰ ਆਮ ਆਦਮੀ ਪਾਰਟੀ ਦੇ ਸਮੂਹ ਮੈਂਬਰ ਰਾਜ ਵਿੱਚ ਕਾਨੂੰਨ ਵਿਵਸਥਾ ਦੀ ਵਿਗੜ ਰਹੀ ਹਾਲਤ ਤੇ ਦਿੱਤੇ ਗਏ ਕੰਮ ਰੋਕੂ ਪ੍ਰਸਤਾਵ ਨੂੰ ਨਾ ਮਨਜ਼ੂਰ ਕਰਨ ਅਤੇ ਇਸ ਤੇ ਬਹਿਸ ਨਾ ਕਰਵਾਉਣ ਦੇ ਰੋਸ ਵਜੋਂ ਸਦਨ ਵਿੱਚੋਂ ਵਾਕ ਆਊਟ ਕਰ ਗਏ।

5. ਧਿਆਨ ਦਿਵਾਊ ਨੋਟਿਸ

1. ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ ਵਲੋਂ ਮਈ, 2017 ਤੋਂ ਨਵੰਬਰ, 2017 ਨਾਲ ਸਬੰਧਿਤ ਸਮਾਜਿਕ ਸੁਰੱਖਿਆ ਸਕੀਮਾਂ ਸਬੰਧੀ ਪੈਨਸ਼ਨਾਂ ਦੀ ਅਦਾਇਗੀ ਨਾ ਕਰਨ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 2)

ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਨੇ ਜਵਾਬ ਦਿੱਤਾ।

2. ਧਿਆਨ ਦਿਵਾਊ ਨੋਟਿਸ ਨੰ: 6 ਪੇਸ਼ ਨਹੀਂ ਕੀਤਾ ਗਿਆ।

3. ਡਾਕਟਰ ਧਰਮਬੀਰ ਅਗਨੀਹੋਤਰੀ, ਐਮ.ਐਲ.ਏ ਵਲੋਂ ਰਾਜ ਵਿੱਚ ਪੰਚਾਇਤੀ ਜ਼ਮੀਨਾਂ ਤੇ ਟਿਊਬਵੈਲ ਲਗਾਉਣ ਸਬੰਧੀ ਨੀਤੀ ਦੀ ਅਣਹੋਂਦ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

ਪੇਂਡੂ ਵਿਕਾਸ ਤੇ ਪੰਚਾਇਤਾਂ ਮੰਤਰੀ ਨੇ ਜਵਾਬ ਦਿੱਤਾ. (ਨੰ: 7)

6. ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 13 ਫਰਵਰੀ, 2019 ਤੋਂ 22 ਫਰਵਰੀ, 2019 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਐਮ.ਐਲ.ਏ ਨੇ ਰਿਪੋਰਟ ਤੇ ਬਹਿਸ ਵਿਚ ਹਿੱਸਾ ਲਿਆ ਅਤੇ 02 ਮਿੰਟ ਲਈ ਬੋਲੇ।

7. ਰਿਪੋਰਟਾਂ ਪੇਸ਼ ਕਰਨਾ

1. ਵਿਸ਼ੇਸ਼ ਅਧਿਕਾਰ ਕਮੇਟੀ ਦੇ ਮੈਂਬਰ (ਸਰਦਾਰ ਪ੍ਰਗਟ ਸਿੰਘ ਪੋਆਰ) ਨੇ ਵਿਸ਼ੇਸ਼ ਅਧਿਕਾਰ ਦੇ ਉਠਾਏ ਗਏ ਮਾਮਲਿਆਂ ਸੰਬੰਧੀ ਨਿਮਨਲਿਖਤ ਦੂਜੀ/ਤੀਜੀ/ਚੌਥੀ ਅੰਤਰਿਮ ਰਿਪੋਰਟਾਂ ਪੇਸ਼ ਕੀਤੀਆਂ:

i) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

ii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

iii) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

iv) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਵਲੋਂ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ;

v) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ; ਅਤੇ

vi) ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵਲੋਂ ਸਰਦਾਰ ਸੁਖਬੀਰ ਸਿੰਘ ਬਾਦਲ, ਐਮ.ਐਲ.ਏ ਦੇ ਵਿਰੁੱਧ।

8. **ਮੇਜ਼ ਤੇ ਮੁੜ ਰੱਖੇ ਜਾਣ ਵਾਲੇ / ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VI ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 3 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

9. **ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਅਤੇ ਬਹਿਸ**

ਡਾਕਟਰ ਰਾਜ ਕੁਮਾਰ ਵੇਰਕਾ, ਮੈਂਬਰ, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਪੇਸ਼ ਕੀਤਾ ਗਿਆ ਜਿਸ ਦੀ ਸਰਦਾਰ ਹਰਮਿੰਦਰ ਸਿੰਘ ਗਿੱਲ, ਮੈਂਬਰ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜ੍ਹਤਾ ਕੀਤੀ ਗਈ:-

> " ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 12 ਫਰਵਰੀ, 2019 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ ।"

ਇਸ ਉਪਰੰਤ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਡਾਕਟਰ ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 17 ਮਿੰਟ |
| 2. | ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ | 25 ਮਿੰਟ |
| 3. | ਪ੍ਰਿੰਸੀਪਲ ਬੁੱਧ ਰਾਮ, ਆਮ ਆਦਮੀ ਪਾਰਟੀ | 08 ਮਿੰਟ |
| 4. | ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ | 15 ਮਿੰਟ |
| 5. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 16 ਮਿੰਟ |
| 6. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 14 ਮਿੰਟ |
| 7. | ਸਰਦਾਰ ਹਰਪ੍ਰਤਾਪ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 19 ਮਿੰਟ |
| 8. | ਸਰਦਾਰ ਹਰਦਿਆਲ ਸਿੰਘ ਕੰਬੋਜ, ਇੰਡੀਅਨ ਨੈਸ਼ਨਲ ਕਾਂਗਰਸ | 20 ਮਿੰਟ |
| 9. | ਸ਼੍ਰੀ ਅਰੁਣ ਨਾਰੰਗ, ਭਾਰਤੀ ਜਨਤਾ ਪਾਰਟੀ | 06 ਮਿੰਟ |
| 10. | ਸਰਦਾਰ ਬਲਵਿੰਦਰ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 04 ਮਿੰਟ |
| 11. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 10 ਮਿੰਟ |

ਮਾਨਯੋਗ ਡਿਪਟੀ ਸਪੀਕਰ ਨੇ 1.42 ਵਜੇ ਬਾਅਦ ਦੁਪਹਿਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਵੀਰਵਾਰ, ਮਿਤੀ 14 ਫਰਵਰੀ, 2019 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੋ ਗਿਆ।

ਚੰਡੀਗੜ੍ਹ:
13 ਫਰਵਰੀ, 2019

ਸ਼ਸ਼ੀ ਲਖਨਪਾਲ ਮਿਸ਼ਰਾ
ਸਕੱਤਰ।